**ਵਡਹੰਸੁ ਮਹਲਾ ੧ ॥ ਗੁਣਵੰਤੀ ਸਹੁ ਰਾਵਿਆ ਨਿਰਗੁਣਿ ਕੂਕੇ ਕਾਇ ॥ ਜੇ ਗੁਣਵੰਤੀ ਥੀ ਰਹੈ ਤਾ ਭੀ ਸਹੁ ਰਾਵਣ ਜਾਇ ॥ ੧॥ ਮੇਰਾ ਕੰਤੁ ਰੀਸਾਲੂ ਕੀ ਧਨ ਅਵਰਾ ਰਾਵੇ ਜੀ ॥ ੧॥ ਰਹਾਉ ॥ ਕਰਣੀ ਕਾਮਣ ਜੇ ਥੀਐ ਜੇ ਮਨੁ ਧਾਗਾ ਹੋਇ ॥ ਮਾਣਕੁ ਮੁਲਿ ਨ ਪਾਈਐ ਲੀਜੈ ਚਿਤਿ ਪਰੋਇ ॥ ੨॥ ਰਾਹੁ ਦਸਾਈ ਨ ਜੁਲਾਂ ਆਖਾਂ ਅੰਮੜੀਆਸੁ ॥ ਤੈ ਸਹ ਨਾਲਿ ਅਕੂਅਣਾ ਕਿਉ ਥੀਵੈ ਘਰ ਵਾਸੁ ॥ ੩॥ ਨਾਨਕ ਏਕੀ ਬਾਹਰਾ ਦੂਜਾ ਨਾਹੀ ਕੋਇ ॥ ਤੈ ਸਹ ਲਗੀ ਜੇ ਰਹੈ ਭੀ ਸਹੁ ਰਾਵੈ ਸੋਇ ॥੪॥੨॥** {ਪੰਨਾ 557}

ਪਦਅਰਥ:- ਨਿਰਗੁਣਿ—ਗੁਣ-ਹੀਨ ਇਸਤ੍ਰੀ। ਕਾਇ ਕੂਕੇ—ਕਾਹਦੇ ਵਾਸਤੇ ਕੂਕਦੀ ਹੈ, ਕਿਉਂ ਤਰਲੇ ਲੈਂਦੀ ਹੈ? ਤਰਲੇ ਵਿਅਰਥ ਹਨ। ਥੀ ਰਹੈ—ਬਣੀ ਰਹੇ, ਹੋ ਜਾਏ।1।

ਰੀਸਾਲੂ—ਰਸੀਲਾ, ਰਸ-ਆਲਯ, ਰਸਾਂ ਦਾ ਘਰ, ਅਨੰਦ-ਸੁਖ ਦਾ ਸੋਮਾ। ਅਵਰਾ—ਹੋਰਨਾਂ ਨੂੰ। ਰਾਵੇ—ਮਾਣੇ, ਮਿਲੇ। ਜੀ—ਹੇ ਜੀ! ਹੇ ਭੈਣ!।1। ਰਹਾਉ।

ਕਰਣੀ—ਉੱਚਾ ਆਚਰਨ। ਕਾਮਣ—ਟੂਣੇ {ਨੋਟ:- ਵਿਆਹ ਦੇ ਮੌਕੇ ਤੇ ਜਦੋਂ ਜੰਞ ਢੁਕਦੀ ਹੈ ਤਾਂ ਕੁੜੀਆਂ ਗੀਤ ਗਾਂਦੀਆਂ ਹਨ, ਖ਼ਿਆਲ ਇਹ ਬਣਿਆ ਹੁੰਦਾ ਹੈ ਕਿ ਇਹਨਾਂ ਗੀਤਾਂ ਨਾਲ ਇਹ ਨਵਾਂ ਲਾੜਾ ਵਿਆਹੀ ਜਾਣ ਵਾਲੀ ਕੁੜੀ ਦੇ ਕਹੇ ਵਿਚ ਤੁਰਿਆ ਕਰੇਗਾ। ਕਾਮਣ ਪਾਣੇ, ਪੰਜਾਬੀ ਮੁਹਾਵਰਾ ਹੈ}, ਪਤੀ ਨੂੰ ਵੱਸ ਕਰਨ ਵਾਲੇ ਗੀਤ। ਮਾਣਕੁ—ਮੋਤੀ (ਪ੍ਰਭੂ ਦਾ ਨਾਮ)। ਮੁਲਿ—ਕਿਸੇ ਮੁੱਲ ਨਾਲ। ਚਿਤਿ—ਚਿੱਤ ਵਿਚ।2।

ਦਸਾਈ—ਮੈਂ ਪੁੱਛਾਂ, ਮੈਂ ਪੁੱਛਦੀ ਰਹਾਂ। ਨ ਜੁਲਾਂ—(ਪਰ ਉਸ ਰਸਤੇ ਉਤੇ) ਮੈਂ ਤੁਰਾਂ ਨਾਹ। ਅੰਮੜੀਆਸੁ—ਮੈਂ ਅੱਪੜ ਗਈ ਹਾਂ। ਸਹ ਨਾਲਿ—ਖਸਮ ਨਾਲ। ਅਕੂਅਣਾ—ਕੂਣ ਦੀ ਅਣਹੋਂਦ।3।

ਤੈ ਲਗੀ—ਤੇਰੇ ਵਿਚ ਜੁੜੀ ਹੋਈ। ਸਹ—ਹੇ ਖਸਮ! {ਨੋਟ:- ਇਸ ਸ਼ਬਦ ਵਿਚ ਲਫ਼ਜ਼ 'ਸਹੁ' ਅਤੇ 'ਸਹ' ਆਏ ਹਨ। ਲਫ਼ਜ਼ 'ਸਹੁ' ਕਰਤਾ ਅਤੇ ਕਰਮ ਕਾਰਕ ਇਕ-ਵਚਨ ਹੈ। ਕਿਸੇ ਸੰਬੰਧਕ ਨਾਲ ਵਰਤਿਆਂ ੁ ਨਹੀਂ ਰਹਿੰਦਾ; ਜਿਵੇਂ "ਸਹ ਨਾਲਿ"। ਸੰਬੋਧਨ ਵਿਚ ਭੀ ਇਹੀ ਸ਼ਕਲ ਹੈ; ਜਿਵੇਂ 'ਸਹ'—ਹੇ ਖਸਮ!}।4।

ਅਰਥ:- ਹੇ ਭੈਣ! (ਜਿਸ ਜੀਵ-ਇਸਤ੍ਰੀ ਨੂੰ ਇਹ ਯਕੀਨ ਬਣ ਜਾਏ ਕਿ) ਮੇਰਾ ਖਸਮ-ਪ੍ਰਭੂ ਸਾਰੇ ਸੁਖਾਂ ਦਾ ਸੋਮਾ ਹੈ, ਉਹ (ਖਸਮ-ਪ੍ਰਭੂ ਨੂੰ ਛੱਡ ਕੇ) ਹੋਰਨਾਂ ਨੂੰ (ਸੁਖਾਂ ਦਾ ਵਸੀਲਾ ਸਮਝ ਕੇ) ਪ੍ਰਸੰਨ ਕਰਨ ਨਹੀਂ ਤੁਰੀ ਫਿਰਦੀ।1। ਰਹਾਉ।

ਜਿਸ ਜੀਵ-ਇਸਤ੍ਰੀ ਦੇ ਪੱਲੇ ਇਹ ਗੁਣ ਹੈ (ਜਿਸ ਜੀਵ-ਇਸਤ੍ਰੀ ਨੂੰ ਯਕੀਨ ਹੈ ਕਿ ਪ੍ਰਭੂ ਹੀ ਸੁਖਾਂ ਦਾ ਸੋਮਾ ਹੈ, ਉਹ) ਪ੍ਰਭੂ-ਪਤੀ (ਦਾ ਪੱਲਾ ਫੜ ਕੇ ਉਸ) ਨੂੰ ਪ੍ਰਸੰਨ ਕਰ ਲੈਂਦੀ ਹੈ (ਤੇ ਆਤਮਕ ਸੁਖ ਮਾਣਦੀ ਹੈ) ਪਰ ਜਿਸ ਦੇ ਪੱਲੇ ਇਹ ਗੁਣ ਨਹੀਂ ਹੈ (ਤੇ ਜੋ ਥਾਂ ਥਾਂ ਭਟਕਦੀ ਫਿਰਦੀ ਹੈ) ਉਹ (ਆਤਮਕ ਸੁਖ ਵਾਸਤੇ) ਵਿਅਰਥ ਹੀ ਤਰਲੇ ਲੈਂਦੀ ਹੈ। ਹਾਂ, ਜੇ ਉਸ ਦੇ ਅੰਦਰ ਭੀ ਇਹ ਗੁਣ ਆ ਜਾਏ, ਤਾਂ ਖਸਮ-ਪ੍ਰਭੂ ਨੂੰ ਪ੍ਰਸੰਨ ਕਰਨ ਦਾ ਸਫਲ ਉੱਦਮ ਕਰ ਸਕਦੀ ਹੈ।1।

ਜੇ ਜੀਵ-ਇਸਤ੍ਰੀ ਦਾ ਉੱਚਾ ਆਚਰਨ ਕਾਮਣ ਪਾਣ ਦਾ ਕੰਮ ਦੇਵੇ, ਜੇ ਉਸ ਦਾ ਮਨ ਧਾਗਾ ਬਣੇ ਤਾਂ ਇਸ ਮਨ ਧਾਗੇ ਦੀ ਰਾਹੀਂ ਉਸ ਨਾਮ-ਮੋਤੀ ਨੂੰ ਆਪਣੇ ਚਿੱਤ ਵਿਚ ਪ੍ਰੋ ਲਏ (ਧਨ ਪਦਾਰਥ ਆਦਿਕ ਕਿਸੇ) ਮੁੱਲ ਨਾਲ ਨਹੀਂ ਮਿਲ ਸਕਦਾ।2।

(ਪਰ ਨਿਰੀਆਂ ਗੱਲਾਂ ਨਾਲ, ਹੇ ਸੁਖ-ਸਾਗਰ! ਤੇਰੇ ਚਰਨਾਂ ਵਿਚ ਨਹੀਂ ਪਹੁੰਚ ਜਾਈਦਾ) ਹੇ ਪਤੀ-ਪ੍ਰਭੂ! ਜੇ ਮੈਂ (ਤੇਰੇ ਦੇਸ ਦਾ) ਸਦਾ ਰਾਹ ਹੀ ਪੁੱਛਦੀ ਰਹਾਂ, ਪਰ ਉਸ ਰਸਤੇ ਉਤੇ ਤੁਰਾਂ ਕਦੇ ਭੀ ਨਾਹ, ਮੂੰਹ ਨਾਲ ਭੀ ਆਖੀ ਜਾਵਾਂ ਕਿ ਮੈਂ (ਤੇਰੇ ਦੇਸ ਤਕ) ਅੱਪੜ ਗਈ ਹਾਂ, ਉਂਞ ਕਦੇ ਤੇਰੇ ਨਾਲ ਬੋਲ ਚਾਲ ਨਾਹ ਬਣਾਇਆ ਹੋਵੇ (ਕਦੇ ਤੇਰੇ ਦਰ ਤੇ

ਅਰਦਾਸ ਭੀ ਨਾਹ ਕੀਤੀ ਹੋਵੇ), ਇਸ ਤਰ੍ਹਾਂ ਤੇਰੇ ਚਰਨਾਂ ਵਿਚ ਟਿਕਾਣਾ ਨਹੀਂ ਮਿਲ ਸਕਦਾ।3।

ਹੇ ਨਾਨਕ! (ਇਹ ਯਕੀਨ ਜਾਣ ਕਿ) ਇਕ ਪਰਮਾਤਮਾ ਤੋਂ ਬਿਨਾ ਹੋਰ ਕੋਈ ਭੀ ਸੁਖ-ਦਾਤਾ ਨਹੀਂ, (ਤਾਂ ਤੇ ਉਸ ਦੇ ਦਰ ਤੇ ਅਰਦਾਸ ਕਰ ਤੇ ਆਖ—) ਹੇ ਪ੍ਰਭੂ-ਪਤੀ! ਜੇਹੜੀ ਜੀਵ-ਇਸਤ੍ਰੀ ਤੇਰੇ ਚਰਨਾਂ ਵਿਚ ਜੁੜੀ ਰਹਿੰਦੀ ਹੈ ਉਹ ਤੈਨੂੰ ਪ੍ਰਸੰਨ ਕਰ ਲੈਂਦੀ ਹੈ (ਤੇ ਆਤਮਕ ਸੁਖ ਮਾਣਦੀ ਹੈ)।4।2।